**ਗੁਰਮੁਖਿ ਸਖੀ ਸਹੇਲੀਆ ਸੇ ਆਪਿ ਹਰਿ ਭਾਈਆ ॥ ਹਰਿ ਦਰਗਹ ਪੈਨਾਈਆ ਹਰਿ ਆਪਿ ਗਲਿ ਲਾਈਆ ॥੧੧॥ ਜੋ ਗੁਰਮੁਖਿ ਨਾਮੁ ਧਿਆਇਦੇ ਤਿਨ ਦਰਸਨੁ ਦੀਜੈ ॥ ਹਮ ਤਿਨ ਕੇ ਚਰਣ ਪਖਾਲਦੇ ਧੂੜਿ ਘੋਲਿ ਘੋਲਿ ਪੀਜੈ ॥੧੨ ॥ ਪਾਨ ਸੁਪਾਰੀ ਖਾਤੀਆ ਮੁਖਿ ਬੀੜੀਆ ਲਾਈਆ ॥ ਹਰਿ ਹਰਿ ਕਦੇ ਨ ਚੇਤਿਓ ਜਮਿ ਪਕੜਿ ਚਲਾਈਆ ॥੧੩॥ ਜਿਨ ਹਰਿ ਨਾਮਾ ਹਰਿ ਚੇਤਿਆ ਹਿਰਦੈ ਉਰਿ ਧਾਰੇ ॥ ਤਿਨ ਜਮੁ ਨੇੜਿ ਨ ਆਵਈ ਗੁਰਸਿਖ ਗੁਰ ਪਿਆਰੇ ॥੧੪॥ ਹਰਿ ਕਾ ਨਾਮੁ ਨਿਧਾਨੁ ਹੈ ਕੋਈ ਗੁਰਮੁਖਿ ਜਾਣੈ ॥ ਨਾਨਕ ਜਿਨ ਸਤਿਗੁਰੁ ਭੇਟਿਆ ਰੰਗਿ ਰਲੀਆ ਮਾਣੈ ॥੧੫॥** {ਪੰਨਾ 726}

ਪਦਅਰਥ:- ਸਖੀ—ਸਖੀਆਂ, ਸਹੇਲੀਆਂ। ਸੇ —ਉਹ ਸਖੀਆਂ। ਭਾਈਆ —ਭਾਈਆਂ, ਪਿਆਰੀਆਂ ਲੱਗੀਆਂ। ਪੈਨਾਈਆ—ਪੈਨਾਈਆਂ, ਸਤਕਾਰੀਆਂ ਗਈਆਂ, ਉਹਨਾਂ ਨੂੰ ਸਿਰੋਪਾ ਮਿਲਿਆ। ਗਲਿ —ਗਲ ਨਾਲ। ਲਾਈਆ—ਲਾਈਆਂ।11।

ਦੀਜੈ—ਕਿਰਪਾ ਕਰ ਕੇ ਦੇਹ। ਪਖਾਲਦੇ—ਧੋਂਦੇ ਹਾਂ। ਘੋਲਿ—ਘੋਲ ਕੇ।12।

ਖਾਤੀਆ—ਖਾਤੀਆਂ, ਖਾਂਦੀਆਂ। ਮੁਖਿ—ਮੂੰਹ ਵਿਚ। ਬੀੜੀਆ—ਬੀੜੀਆਂ, ਪਾਨਾਂ ਦੀਆਂ ਬੀੜੀਆਂ। ਜਮਿ—ਜਮ ਨੇ, ਮੌਤ ਨੇ। ਪਕੜਿ—ਫੜ ਕੇ।13।

ਹਿਰਦੈ—ਹਿਰਦੇ ਵਿਚ। ਉਰਿ—ਹਿਰਦੇ ਵਿਚ। ਧਾਰੇ —ਧਾਰਿ, ਧਾਰ ਕੇ। ਜਮੁ —ਮੌਤ, ਮੌਤ ਦਾ ਡਰ। ਆਵਈ—ਆਵਏ, ਆਵੈ, ਆਉਂਦਾ।14।

ਨਿਧਾਨੁ—ਖ਼ਜ਼ਾਨਾ। ਕੋਈ —ਕੋਈ ਵਿਰਲਾ। ਗੁਰਮੁਖਿ —ਗੁਰੂ ਦੀ ਸਰਨ ਪੈਣ ਵਾਲਾ ਮਨੁੱਖ। ਭੇਟਿਆ—ਮਿਲ ਪਿਆ। ਰੰਗਿ—ਪ੍ਰੇਮ-ਰੰਗ ਵਿਚ। ਮਾਣੈ—ਮਾਣਦਾ ਹੈ। ਨਾਨਕ—ਹੇ ਨਾਨਕ!।15।

ਅਰਥ:- ਹੇ ਭਾਈ! ਗੁਰੂ ਦੀ ਸਰਨ ਪੈ ਕੇ (ਪਰਸਪਰ ਪ੍ਰੇਮ ਨਾਲ ਰਹਿਣ ਵਾਲੀਆਂ ਸਤ -ਸੰਗੀ) ਸਹੇਲੀਆਂ (ਐਸੀਆਂ ਹੋ ਜਾਂਦੀਆਂ ਹਨ ਕਿ ) ਉਹ ਆਪ ਪ੍ਰਭੂ ਨੂੰ ਪਿਆਰੀਆਂ ਲੱਗਦੀਆਂ ਹਨ। ਪਰਮਾਤਮਾ ਦੀ ਹਜ਼ੂਰੀ ਵਿਚ ਉਹਨਾਂ ਨੂੰ ਆਦਰ ਮਿਲਦਾ ਹੈ , ਪਰਮਾਤਮਾ ਨੇ ਉਹਨਾਂ ਨੂੰ ਆਪ ਆਪਣੇ ਗਲ ਨਾਲ (ਸਦਾ) ਲਾ ਲਿਆ ਹੈ।11।

ਹੇ ਪ੍ਰਭੂ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ (ਤੇਰਾ) ਨਾਮ ਸਿਮਰਦੇ ਹਨ, ਉਹਨਾਂ ਦਾ ਮੈਨੂੰ ਦਰਸਨ ਬਖ਼ਸ਼। ਮੈਂ ਉਹਨਾਂ ਦੇ ਚਰਨ ਧੋਂਦਾ ਰਹਾਂ , ਤੇ, ਉਹਨਾਂ ਦੀ ਚਰਨ -ਧੂੜ ਘੋਲ ਘੋਲ ਕੇ ਪੀਂਦਾ ਰਹਾਂ।12।

ਹੇ ਭਾਈ! ਜੇਹੜੀਆਂ ਜੀਵ-ਇਸਤ੍ਰੀਆਂ ਪਾਨ ਸੁਪਾਰੀ ਆਦਿਕ ਖਾਂਦੀਆਂ ਰਹਿੰਦੀਆਂ ਹਨ, ਮੂੰਹ ਵਿਚ ਪਾਨ ਚਬਾਂਦੀਆਂ ਰਹਿੰਦੀਆਂ ਹਨ (ਭਾਵ, ਸਦਾ ਪਦਾਰਥਾਂ ਦੇ ਭੋਗਾਂ ਵਿਚ ਮਸਤ ਹਨ), ਤੇ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਕਦੇ ਭੀ ਨਾਹ ਸਿਮਰਿਆ, ਉਹਨਾਂ ਨੂੰ ਮੌਤ (ਦੇ ਗੇੜ) ਨੇ ਫੜ ਕੇ (ਸਦਾ ਲਈ) ਅੱਗੇ ਲਾ ਲਿਆ (ਉਹ ਚੌਰਾਸੀ ਦੇ ਗੇੜ ਵਿਚ ਪੈ ਗਈਆਂ)।13।

ਹੇ ਭਾਈ! ਜਿਨ੍ਹਾਂ ਆਪਣੇ ਮਨ ਵਿਚ ਹਿਰਦੇ ਵਿਚ ਟਿਕਾ ਕੇ ਪਰਮਾਤਮਾ ਦਾ ਨਾਮ ਸਿਮਰਿਆ , ਉਹਨਾਂ ਗੁਰੂ ਦੇ ਪਿਆਰੇ ਗੁਰਸਿੱਖਾਂ ਦੇ ਨੇੜੇ ਮੌਤ (ਦਾ ਡਰ) ਨਹੀਂ ਆਉਂਦਾ।14।

ਹੇ ਭਾਈ! ਪਰਮਾਤਮਾ ਦਾ ਨਾਮ ਖ਼ਜ਼ਾਨਾ ਹੈ , ਕੋਈ ਵਿਰਲਾ ਮਨੁੱਖ ਗੁਰੂ ਦੀ ਸਰਨ ਪੈ ਕੇ (ਨਾਮ ਨਾਲ) ਸਾਂਝ ਪਾਂਦਾ ਹੈ। ਹੇ ਨਾਨਕ! (ਆਖ—) ਜਿਨ੍ਹਾਂ ਮਨੁੱਖਾਂ ਨੂੰ ਗੁਰੂ ਮਿਲ ਪੈਂਦਾ ਹੈ , ਉਹ (ਹਰੇਕ ਮਨੁੱਖ) ਹਰਿ-ਨਾਮ ਦੇ ਪ੍ਰੇਮ ਵਿਚ ਜੁੜ ਕੇ ਆਤਮਕ ਆਨੰਦ ਮਾਣਦਾ ਹੈ।15।